ਡਿਪਟੀ ਕਮਿਸ਼ਨਰ ਅਤੇ ਐਸਐਸਪੀ ਵੱਲੋਂ ਗਿਣਤੀ ਕੇਂਦਰਾਂ ਅਤੇ ਸਟਰਾਂਗ ਰੂਮ ਦੀ ਚੈਕਿੰਗ



ਜਿਲਾ ਚੋਣ ਅਫਸਰ ਕਮ ਸ੍ਰੀ ਹਰਪ੍ਰੀਤ ਸਿੰਘ ਸੂਦਨ ਆਈ.ਏ.ਐਸ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਅਤੇ ਸ੍ਰੀ ਭਾਗੀਰਥ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਅੱਜ ਮਲੋਟ ਵਿਖੇ ਲੋਕ ਸਭਾ ਚੋਣਾਂ ਲਈ ਪੈਣ ਵਾਲੀਆਂ ਵੋਟਾਂ ਦੇ ਗਿਣਤੀ ਕੇਂਦਰਾਂ ਦਾ ਦੌਰਾ ਕਰਕੇ ਇੱਥੇ ਸੁਰੱਖਿਆ ਸਥਿਤੀ ਦਾ ਜਾਇਜ਼ਾ ਲਿਆ । ਉਹਨਾਂ ਨੇ ਇੱਥੇ ਈਵੀਐਮ ਮਸ਼ੀਨਾਂ ਅਤੇ ਵੀਵੀਪੈਟ ਮਸ਼ੀਨਾਂ ਦੇ ਬਣਾਏ ਗਏ ਸਟਰੋਂਗ ਰੂਮ ਦਾ ਵੀ ਜਾਇਜ਼ਾ ਲਿਆ। ਜਿਕਰ ਯੋਗ ਹੈ ਕਿ ਰੈਂਡੇਮਾਈਜੇਸ਼ਨ ਤੋਂ ਬਾਅਦ ਮਸ਼ੀਨਾਂ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਸਹਾਇਕ ਰਿਟਰਨਿੰਗ ਅਫਸਰਾਂ ਕੋਲ ਭੇਜ ਦਿੱਤੀਆਂ ਗਈਆਂ ਹਨ।